Translation of Recognition Letter from Punjabi To English

SED-EDU301/114/2023-3EDU3

1/732379/2023 (1)

Punjab Government
Department of Education
(Education-3 Branch)

To

1. Director School Education (E.E.), Punjab
2. All District Education Officer (S.E./E.E.),Punjab

Dated, Chandigarh 29/11/23

Subject: In connection with grant of Permanent Recognition under the R. T. E. Act.

In reference to Government Order No. SED-EDU301/114/2022- 3EDU 3/645126 dated 19.09.2023 upon the above subject

2. In relation to the above subject matter, it is written that the Private Schools which have been issued Provisional Recognition under R.T.E. ACT 2011 and Punjab R.T.E. Rules, that Recognition be considered as Permanent Recognition.

3. It is also written that the concerned District Education Officer or Deputy District Education Officer will conduct regular inspection of Private Schools on time and will ensure to send a report to the government regarding the compliance of the R.T.E. Act.

NOTARY
Gurmeet Singh
Distt. Amritsar
R.No.5563
GOVT. OF INDIA

Sd/- Special Secretary School Education,
Dated 29/11/2023

GURMEET SINGH Advocate
B.A.LL.B
NOTARY PUBLIC AMRITSAR
Regd. No. 5563 Govt. of India
Mobile: 94175-46367

Attested to be true Translation from Punjabi to English
Notary Public for
Distt. Amritsar

12 JAN 2024

SED-EDU301/114/2023-3EDU3

I/732379/2023 (1)

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

1. ਡਾਇਰੈਕਟਰ ਸਕੂਲ ਸਿੱਖਿਆ (ਐ.ਸਿ.), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ।

ਮਿਤੀ, ਚੰਡੀਗੜ੍ਹ: 29/11/23

ਵਿਸ਼ਾ: ਆਰ.ਟੀ.ਈ. ਐਕਟ ਅਧੀਨ ਮਾਨਤਾ ਦੇਣ ਸਬੰਧੀ।

ਉਪਰਕੋਤ ਵਿਸ਼ੇ ਤੇ ਸਰਕਾਰ ਦੇ ਹੁਕਮ ਨੰ. SED-EDU301/114/2022-3EDU3/645126 ਮਿਤੀ 19.09.2023 ਦੇ ਹਵਾਲੇ ਵਿੱਚ।

2. ਵਿਸ਼ਾ ਅੰਕਿਤ ਮਾਮਲੇ ਸਬੰਧੀ ਆਪ ਨੂੰ ਲਿੱਖਿਆ ਜਾਂਦਾ ਹੈ ਕਿ ਜਿਹੜੇ ਪ੍ਰਾਈਵੇਟ ਸਕੂਲਾਂ ਨੂੰ ਆਰ.ਟੀ.ਈ. ਅਕੈਟ ਅਤੇ ਪੰਜਾਬ ਆਰ.ਟੀ.ਈ. ਰੂਲਜ਼, 2011 ਤਹਿਤ ਆਰਜੀ ਮਾਨਤਾ ਜਾਰੀ ਕੀਤੀ ਹੋਈ ਹੈ, ਉਸ ਮਾਨਤਾ ਨੂੰ ਪੱਕੀ ਮਾਨਤਾ ਸਮਝਿਆ ਜਾਵੇ।

3. ਇਹ ਵੀ ਲਿੱਖਿਆ ਜਾਂਦਾ ਹੈ ਕਿ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਜਾਂ ਉੱਪ-ਜਿਲ੍ਹਾ ਸਿੱਖਿਆ ਅਫਸਰ ਪ੍ਰਾਈਵੇਟ ਸਕੂਲਾਂ ਦਾ ਨਿਯਮਤ ਨਿਰੀਖਣ ਸਮੇਂ ਸਿਰ ਕਰਨਗੇ ਅਤੇ ਆਰ.ਟੀ.ਈ. ਐਕਟ ਦੀ ਪਾਲਣਾ ਕਰਨ ਸਬੰਧੀ ਸਰਕਾਰ ਨੂੰ ਰਿਪੋਰਟ ਭੇਜਣੀ ਯਕੀਨੀ ਬਣਾਉਣਗੇ।

29.11.23

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

GURMEET SINGH Advocate
B.A.LL.B
NOTARY PUBLIC AMRITSAR
Regd. No. 5563 Govt. of India
Mobile: 94175-46367

Attested to be true copy of Document produced
GURMEET SINGH
Notary Public
Amritsar

NOTARY GOVT. OF INDIA Gurmeet Singh Distt. Amritsar R.No.5563

02 DEC 2023

# ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ),ਗੁਰਦਾਸਪੁਰ

ਜਿਲ੍ਹਾ ਪ੍ਰਬੰਧਕੀ ਕੰਪਲੈਕਸ,ਬਲਾਕ-A ਤੀਸਰੀ ਮੰਜਿਲ ਕਮਰਾ ਨੰ:413
Email id:- ssagurdaspur_punjabeducation@gmail.com(01874-240575)

ਵੱਲੋ:

ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ)
ਗੁਰਦਾਸਪੁਰ।

ਵੱਲ:-

1) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
ਡੇਰਾ ਬਾਬਾ ਨਾਨਕ
2) ਸਬੰਧਤ ਸਕੂਲ ਮੁੱਖੀ

ਪੱਤਰ ਨੰ:ਆਰ.ਟੀ.ਈ/2019/ 2339 ਮਿਤੀ ਗੁਰਦਾਸਪੁਰ: 02/9/2019

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ ਤੇ ਉਪ ਨਿਯਮ (4) ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਜਾਰੀ ਕਰਨ ਸੰਬੰਧੀ।

ਸ੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਹੇਠ ਲਿਖੇ ਸਕੂਲਾਂ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਮੈਂ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਤੱਕ ਮਿਤੀ 01-04-2019 ਤੋਂ ਮਿਤੀ 31-03-2020 ਤੱਕ ਇੱਕ ਸਾਲ ਦੇ ਸਮੇਂ ਲਈ ਮਾਨਤਾ ਜਾਰੀ ਕੀਤੀ ਜਾਂਦੀ ਹੈ।

| ਲੜੀ ਨੰ | ਮਾਨਤਾ ਸਨਾਖਤੀ ਨੰ | ਬਲਾਕ ਦਾ ਨਾਮ | ਸਕੂਲ ਦਾ ਨਾਮ | ਵਿਸ਼ੇਸ਼ ਕਥਨ |
|---|---|---|---|---|
| 1 | 2336 | ਡੇਰਾ ਬਾਬਾ ਨਾਨਕ | ਸੰਤ ਬਾਬਾ ਹਜ਼ਾਰਾ ਸਿੰਘ ਐਕਡਮੀ ਡੇਰਾ ਪਠਾਣਾਂ | 01-04-2019 ਤੋਂ 31-03-2020 ਤੱਕ |
| 2 | 2337 | ਡੇਰਾ ਬਾਬਾ ਨਾਨਕ | ਸ੍ਰੀ ਗੁਰੂ ਅਰਜਨ ਦੇਵ ਪਬਲਿਕ ਸਕੂਲ ਰਣਸੀਕੇ ਤੱਲਾ | 01-04-2019 ਤੋਂ 31-03-2020 ਤੱਕ |
| 3 | 2338 | ਡੇਰਾ ਬਾਬਾ ਨਾਨਕ | ਗੋਲਡਨ ਮਾਡਰਨ ਸਕੂਲ ਦੇਹੜ | 01-04-2019 ਤੋਂ 31-03-2020 ਤੱਕ |
| 4 | 2339 | ਡੇਰਾ ਬਾਬਾ ਨਾਨਕ | ਸ਼ਬਦ ਪ੍ਰਗਾਸ ਐਕਡਮੀ ਸ਼ਹਿਜਾਦਾ | 01-04-2019 ਤੋਂ 31-03-2020 ਤੱਕ |
| 5 | 2340 | ਡੇਰਾ ਬਾਬਾ ਨਾਨਕ | ਖਾਲਸਾ ਮਾਡਲ ਸੀ.ਸੈ.ਸਕੂਲ ਸ਼ਿਕਾਰ ਮਾਛੀਆਂ | 01-04-2019 ਤੋਂ 31-03-2020 ਤੱਕ |
| 6 | 2341 | ਡੇਰਾ ਬਾਬਾ ਨਾਨਕ | ਦਸ਼ਮੇਸ਼ ਪਬਲਿਕ ਸੀ.ਸੈ. ਸਕੂਲ ਕੋਟਲੀ ਸੂਰਤ ਮੱਲ੍ਹੀ | 01-04-2019 ਤੋਂ 31-03-2020 ਤੱਕ |
| 7 | 2342 | ਡੇਰਾ ਬਾਬਾ ਨਾਨਕ | ਦੀ ਹੈਪੀ ਚਾਇਲਡ ਕੇਰੀਅਰ ਸਕੂਲ ,ਡੇਰਾ ਬਾਬਾ ਨਾਨਕ | 01-04-2019 ਤੋਂ 31-03-2020 ਤੱਕ |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋ ਬਾਅਦ ਹੀ ਇਹ ਮੰਜ਼ੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜ਼ੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ੍ਰੇਣੀ ਤੋ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੈਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਢ ਵਿੱਚ ਹੋਣਗੇ ਨੂੰ ਐਲੀਮੈਂਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ।ਬਸਰਤੇ ਪ੍ਰੀ ਪ੍ਰਾਇਮਰੀ ਸ੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਕ ਖਾਤਾ ਮਹੁੱਈਆਂ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋ ਜਾਂ ਸਰਪ੍ਰਸਤ ਤੋ ਕਿਸੇ ਵੀ ਕਾਰਵਾਈ ਲਈ ਇੱਕਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ

(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੋਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।

(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ

ਸਕੂਲੀ ਯਕੀਨੀ ਬਣਾਏਗਾ:

7: (ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋ ਤੱਕ ਉਸ ਦੀ ਐਲੀਮੈਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।

(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।

(ੲ)ਕਿਸੇ ਵੀ ਵਿਦਿਆਰਥੀ ਨੂੰ ਐਲੀਮੈਟਰੀ ਸਿੱਖਿਆ ਪੂਰੀ ਕਰਨ ਤੋ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜ਼ਰੂਰਤ ਨਹੀ ਹੋਵੇਗੀ।

(ਸ) ਨਿਯਮ 21 ਦੇ ਮੁਤਾਬਿਕ ਹਰੇਕ ਵਿਦਿਆਰਕੀ ਨੂੰ ਐਲੀਮੈਟਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ।

(ਹ) ਕਾਨੂੰਨ ਦੇ ਤਹਿਤ ਅਪੰਗ,ਅਯੋਗ ਜਾਂ ਵਿਸੇਸ ਜਰੂਰਤਾਂ ਵਾਲੇ ਵਿਦਿਆਰਥੀਆਂ ਨੂੰ ਦਾਖਲ ਕੀਤਾ ਜਾਵੇਗਾ।

(ਕ) ਸੈਕਸ਼ਨ 23 ਦੇ ਸਬ ਸੈਕਸ਼ਨ(1) ਅਨੁਸਾਰ ਨਿਯੁਕਤ ਅਧਿਆਪਕ ਆਪਣੀਆਂ ਵਿਦਿਅਕ ਯੋਗਤਾਵਾਂ ਨੂੰ ਪੂਰਾ ਕਰਦਾ ਹੋਵੇ।ਜੇਕਰ ਪਹਿਲਾਂ ਤੋ ਨਿਯੁਕਤ ਹਨ ਤਾ ਉਹ ਆਪਣੀਆਂ ਲੋੜੀਦੀਆਂ ਘੱਟ ਤੋ ਘੱਟ ਵਿਦਿਅਕ ਯੋਗਤਾਵਾਂ ਕਾਨੂੰਨ ਦੇ ਲਾਗੂ ਹੋਣ ਦੀ ਮਿਤੀ ਤੋ ਨੋਕਰੀ ਵਿੱਚ ਆਉਣ ਦੇ 5 ਸਾਲਾਂ ਦੋਰਾਣ ਪੂਰੀਆਂ ਕਰਨਗੇ।

(ਖ)ਸਿੱਖਿਆ ਕਾਨੂੰਨ ਦੇ ਸੈਕਸ਼ਨ 24 ਅਤੇ ਸਬ ਸੈਕਸ਼ਨ(1) ਅਨੁਸਾਰ ਦਰਸਾਏ ਗਏ ਨਿਯਮਾਂ ਤਹਿਤ ਅਧਿਆਪਕ ਆਪਣੀਆਂ ਡਿਊਟੀਆਂ ਨਿਭਾਉਣਗੇ।

(ਗ) ਆਧਿਆਪਕ ਆਪਣੇ ਆਪ ਨੂੰ ਕਿਸੇ ਵੀ ਕਿਸਮ ਦੀ ਪ੍ਰਾਇਵੇਟ ਟਿਊਸ਼ਨ ਵਿੱਚ ਸ਼ਾਮਲ ਨਹੀ ਕਰਨਗੇ।

8: ਸਕੂਲ,ਯੋਗ ਪ੍ਰਬੰਧਕੀ ਸੰਸਥਾ/ਅਥਾਰਟੀ ਦੁਆਰਾ ਨਿਯਮਿਤ ਕੀਤਾ ਗਿਆ ਸਮਾਂ ਸਾਰਣੀ ਅਤੇ ਪਾਠਕ੍ਰਮ ਵੰਡ ਦਾ ਅਨੁਸਰਣ ਕਰੇਗਾ।

9: ਸਕੂਲ ਕਾਨੂੰਨ ਦੀ ਧਾਰਾ 19 ਵਿੱਚ ਦਰਸਾਏ ਗਏ ਅਨੁਪਾਤ ਅਨੁਸਾਰ ਬੱਚਿਆਂ ਦਾ ਦਾਖਲਾ ਕਰੇਗਾ।

10: ਸਕੂਲ ਸਿੱਖਿਆ ਅਧਿਕਾਰ ਕਾਨੂੰਨ ਦੀ ਧਾਰਾ 19 ਅਨੁਸਾਰ ਮਾਪਦੰਡ ਅਨੁਸਾਰ ਪਾਲਣਾ ਕਰੇਗਾ।ਜੋ ਸਹੂਲਤਾਂ ਪਿਛਲੇ ਸਮੇ ਦੇ ਮੁਆਇਨੇ ਅਨੁਸਾਰ ਦਰਸਾਈਆਂ ਗਈਆਂ ਹਨ,ਜੇਕਰ ਹਨ ਤਾਂ ਹੇਠ ਲਿਖੇ ਅਨੁਸਾਰ ਹਨ:-

ਸਕੂਲ ਦਾ ਖੇਤਰਫਲ

ਬਣਿਆ ਹੋਇਆ ਕੁੱਲ ਖੇਤਰਫਲ

ਖੇਡ ਦੇ ਮੈਦਾਲ ਦਾ ਖੇਤਰਫਲ

ਸ੍ਰੇਣੀਆਂ ਦੇ ਕਮਰਿਆਂ ਦੀ ਗਿਣਤੀ

ਮੁੱਖ ਅਧਿਆਪਕ ਕਮ ਅਫਸਰ ਕਮ ਭੰਡਾਰਣ ਦਾ ਕਮਰਾ

ਲਿਖਣ ਪੜਣ ਸੰਬੰਧੀ ਸਮੱਗਰੀ/ਖੇਡਾਂ ਦਾ ਸਮਾਨ/ਲਾਇਬਰੇਰੀ ਦੀ ਸਮੱਗਰੀ ਦੀ ਉਪਲਬਧਤਾ।

11: ਉਸੇ ਸਕੂਲ ਦੇ ਨਾ ਉਤੇ ਸਕੂਨ ਦੇ ਅਹਾਤੇ ਦੇ ਅੰਦਰ ਜਾਂ ਬਾਹਿਰ ਕੋਈ ਵੀ ਗੈਰ ਮਾਨਤਾ ਸ੍ਰੇਣੀ ਨਹੀ ਪੜ੍ਹਾਈ ਜਾਵੇਗੀ।

12: ਸਕੂਲ ਦੀ ਇਮਾਰਤ ਅਤੇ ਢਾਂਚਾ ਜਾਂ ਖੇਡ ਦਾ ਮੈਦਾਨ ਸਿਰਫ ਅਤੇ ਸਿਰਫ ਸਕੂਲ ਦੀ ਵਿਦਿਅਕ ਗਤੀਵਿਧੀਆਂ ਅਤੇ ਹੁਨਰ ਦੇ ਵਿਕਾਸ ਲਈ ਹੀ ਵਰਤਿਆ ਜਾਵੇਗਾ।

13: ਸਕੂਲ (1860 ਦੇ ਕਾਨੂੰਨ ਨੰ:21) ਕਾਨੂੰਨ ਤਹਿਤ ਪੰਜੀਕ੍ਰਿਤ ਸੁਸਾਇਟੀ ਵੱਲੋ ਚਲਾਇਆ ਜਾ ਰਹਿਾ ਹੋਵੇ।ਜਾਂ ਕੁਝ ਸਮੇ ਲਈ ਕੋਈ ਵੀ ਜਨਤਕ ਸੰਸਥਾ ਦੁਆਰਾ ਚਲਾਇਆ ਜਾ ਕੰਮ ਕਰ ਰਿਹਾ ਹੋਵੇ।

14: ਸਕੂਲ ਕਿਸੇ ਵੀ ਵਿਅਕਤੀਗਤ ਵਰਗ ਜਾਂ ਵਿਅਕਤੀਗਤ ਗਠਜੋੜ ਨੂੰ ਫਾਇਦਾ ਨਾ ਪਹੁੰਚਾਉਣ ਲਈ ਨਾ ਚਲਾਇਆ ਜਾਂਦਾ ਹੋਵੇ।

15: ਸਕੂਲ ਦਾ ਲੇਖਾ ਜੋਖਾ ਪ੍ਰਮਾਣਿਤ ਲੇਖਾਕਾਰ/ਸੀ:ਏ: ਕੋਲੋ ਲਿਰੀਖਤ ਕੀਤਾ ਹੋਵੇ ਅਤੇ ਲਿਯਮਾਂ ਮੁਤਾਬਿਕ ਲੇਖੇ ਦੀ ਸਾਰਦੀ ਬਣਾਈ ਹੋਣੀ ਚਾਹੀਦੀ ਹੈ।ਹਰ ਵਰੇ ਸਾਰਣੀ ਉਤਾਰਾ ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ) ਨੂੰ ਸੂਚਨਾਂ ਹਿੱਤ ਭੇਜਿਆ ਜਾਵੇਗਾ।

16: ਆਪ ਜੀ ਦੇ ਸਕੂਲ ਦਾ ਮਾਨਤਾ ਪ੍ਰਾਪਤ ਸਨਾਖਤੀ ਨੰ: ਉਪਰੋਕਤ ਦਰਸਾਈ ਲਿਸਟ ਵਿੱਚ ਦਰਜ ਹੈ।(ਕਿਰਪਾ ਕਰਕੇ ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਅੱਗੇ ਤੋ ਭਵਿੱਖ ਵਿੱਚ ਇਹ ਸਨਾਖਤੀ ਨੰਬਰ ਪੱਤਰ ਵਿਵਹਾਰ ਕਰਦੇ ਸਮੇ ਦਰਸਾਇਆ ਜਾਵੇ।

17: ਸਕੂਲ ਅਜਿਹੀਆਂ ਸਾਰੀਆਂ ਰਿਪੋਰਟਾਂ ਅਤੇ ਸੂਚਨਾਂ ਜ਼ਿਲ੍ਹਾ ਸਿੱਖਿਆ ਅਫਸਰ ਜਾਂ ਨਿਰਦੇਸ਼ਕ ਸਿੱਖਿਆ ਵਿਭਾਗ ਨੂੰ ਸਮੇ ਸਮੇ ਪੁਜਦਾ ਕਰੇਗਾ ਅਤੇ ਰਾਜ ਸਰਕਾਰ ਜਾਂ ਸਥਾਨਕ ਪ੍ਰਬੰਧਕ ਨੂੰ ਸਮੇ ਸਮੇ ਉਹਨਾ ਵੱਲੋ ਨਿਰਦੇਸ਼ਿਤ ਸੂਚਨਾਂ ਮਹੁੱਈਆਂ ਕਰਵਾਉਣ ਲਈ ਪਾਬੰਦ ਹੋਵੇਗਾ।ਜਿਹੜੀਆਂ ਸਕੂਲ ਵੱਲੋ ਦੂਰ ਕੀਤੀਆਂ ਗਈਆਂ ਘਾਟਾਂ ਜਿਹੜੀਆਂ ਕਿ ਉਸ ਨੂੰ ਪੰਜਕ੍ਰਿਤ ਹੋਣ ਲਈ ਜ਼ਰੂਰੀ ਹਨ।

18: ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੰਸਥਾ ਦੀ ਪੰਜੀਕਰਨ ਨਵਿਆਈ ਗਈ ਹੈ।

19: ਹੋਰ ਸ਼ਰਤਾਂ ਅਨੇਕਚਰ 3 ਅਨੁੰਸਾਰ ਨਾਲ ਨੱਥੀ ਹਨ।

<u>ਨੋਟ :- ਇਹ ਮਾਨਤਾ ਇਸ ਸ਼ਰਤ ਤੇ ਜਾਰੀ ਕੀਤੀ ਜਾਂਦੀ ਹੈ ਕਿ ਸਕੂਲ ਹਰ ਸਾਲ ਬਿਲਡਿੰਗ ਸੇਫਟੀ ਸਰਟੀਫਿਕੇਟ/ਫਾਇਰ ਸੇਫਟੀ ਸਰਟੀਫਿਕੇਟ ਮਿਆਦ ਅਨੁਸਾਰ ਸਬੰਧਤ ਵਿਭਾਗ ਤੋਂ ਨਿਵਾਉਣ ਉਪਰੰਤ ਨਿਮਨ ਹਸਤਾਖਰੀ ਦੇ ਦਫ਼ਤਰ ਵਿਖੇ 30 ਅਪ੍ਰੈਲ ਤੱਕ ਜਮਾਂ ਕਰਵਾਏਗਾ।</u>

ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ)
ਗੁਰਦਾਸਪੁਰ।